## ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈਸਿ) ਪੰਜਾਬ

ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ, ਫੇਜ਼-8, ਐਸ.ਏ.ਐਸ. ਨਗਰ

(ਸੈਕੰਡਰੀ ਸਿੱਖਿਆ ਸ਼ਾਖਾ)

ਸੇਵਾ ਵਿਖੇ

1. ਸਮੂਹ ਜ਼ਿਲ੍ਹਾ ਸਿਖਿਆ ਅਫਸਰ (ਸੈ.ਸਿ.) ਪੰਜਾਬ।
2. ਸਮੂਹ ਸਰਕਾਰੀ, ਮਾਨਤਾ ਪ੍ਰਾਪਤ, ਪ੍ਰਾਈਵੇਟ ਏਡਿਡ ਅਤੇ ਪ੍ਰਾਈਵੇਟ ਸਕੂਲਾਂ ਦੇ ਮੁਖੀ (ਵੈਬ-ਸਾਈਟ ਰਾਹੀਂ)

ਮੀਮੋ ਨੰਬਰ: DPI-SEDUOGENL/4/2021-SE/2021251385-86

ਮਿਤੀ, ਸ.ਅ.ਸ.ਨਗਰ: 24-07-2021

**ਵਿਸ਼ਾ:-** **10ਵੀਂ, 11ਵੀਂ ਅਤੇ 12ਵੀਂ ਕਲਾਸ ਦੇ ਵਿਦਿਆਰਥੀਆਂ ਲਈ ਸਕੂਲ ਖੋਲ੍ਹਣ ਸਬੰਧੀ।**

**ਹਵਾਲਾ:-** ਉਪਰੋਕਤ ਵਿਸ਼ੇ ਸਬੰਧੀ ਪੰਜਾਬ ਸਰਕਾਰ, ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ ਦੇ ਪੱਤਰ ਨੰਬਰ 7/56/2020/2H4/4012 ਮਿਤੀ 20 ਜੁਲਾਈ 2021 ਦੇ ਸਬੰਧ ਵਿੱਚ।

1.0 ਹਵਾਲਾ ਅਧੀਨ ਪੱਤਰ ਰਾਹੀਂ ਪੰਜਾਬ ਸਰਕਾਰ ਵੱਲੋਂ 10ਵੀਂ, 11ਵੀਂ ਅਤੇ 12ਵੀਂ ਕਲਾਸਾਂ ਲਈ ਮਿਤੀ 26.07.2021 ਤੋਂ ਸਕੂਲ ਖੋਲ੍ਹਣ ਸਬੰਧੀ ਫੈਸਲਾ ਲੈਂਦੇ ਹੋਏ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਇਹਨਾਂ ਹਦਾਇਤਾਂ ਦੇ ਸਨਮੁੱਖ ਪੰਜਾਬ ਰਾਜ ਦੇ 10ਵੀਂ, 11ਵੀਂ ਅਤੇ 12ਵੀਂ ਦੇ ਵਿਦਿਆਰਥੀਆਂ ਲਈ ਸਕੂਲ ਮਿਤੀ 26.07.2021 ਨੂੰ ਖੋਲ੍ਹੇ ਜਾਣੇ ਹਨ (ਕਾਪੀ ਨੱਥੀ)।

2.0 ਉਪਰੋਕਤ ਦੇ ਸਨਮੁੱਖ ਆਪ ਨੂੰ ਲਿਖਿਆ ਜਾਂਦਾ ਹੈ ਕਿ ਹਵਾਲਾ ਅਧੀਨ ਪੱਤਰ ਦੇ ਨਾਲ-ਨਾਲ ਭਾਰਤ ਸਰਕਾਰ/ਪੰਜਾਬ ਸਰਕਾਰ ਵੱਲੋਂ ਕੋਵਿਡ-19 ਸਬੰਧੀ ਸਮੇਂ-ਸਮੇਂ ਤੇ ਜਾਰੀ ਹਦਾਇਤਾਂ/ Guidelines for reopening of schools in areas outside Containment Zones ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

3.0 ਉਪਰੋਕਤ ਤੋਂ ਇਲਾਵਾ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਤੇ ਜਾਰੀ ਹਦਾਇਤਾਂ ਦੇ ਸਨਮੁੱਖ ਹੇਠ ਲਿਖੇ ਅਨੁਸਾਰ ਪਾਲਣਾ ਯਕੀਨੀ ਬਣਾਈ ਜਾਵੇ:-

3.1 ਇਹਨਾਂ ਹਦਾਇਤਾਂ ਦੀ ਪਾਲਣਾ ਲਈ ਸਮੂਹ ਜਿਲ੍ਹਾ ਸਿੱਖਿਆ ਅਫਸਰਾਂ ਵੱਲੋਂ ਆਪਣੇ ਜਿਲ੍ਹੇ ਵਿੱਚ ਇੱਕ ਜਿਲ੍ਹਾ ਕੋਵਿਡ ਨੋਡਲ ਅਫਸਰ ਨਾਮਜ਼ਦ ਕੀਤਾ ਜਾਵੇਗਾ।

3.2 ਸਮੂਹ ਸਕੂਲਾਂ ਵਿੱਚ ਸਮੁੱਚੇ ਟੀਚਿੰਗ/ਨਾਨ-ਟੀਚਿੰਗ ਸਟਾਫ ਦੇ ਅਤੇ ਟੀਕਾਕਰਣ ਦੀਆਂ ਹਦਾਇਤਾਂ ਅਨੁਸਾਰ ਯੋਗ ਵਿਦਿਆਰਥੀਆਂ ਦੇ ਟੀਕਾਕਰਣ ਦਾ ਭਰਪੂਰ ਉਪਰਾਲਾ ਕੀਤਾ ਜਾਵੇਗਾ।

3.3 ਇਸ ਕਾਰਵਾਈ ਦੌਰਾਨ ਜੇਕਰ ਜਿਲ੍ਹੇ ਅੰਦਰ ਵੈਕਸੀਨ ਦੀ doses ਦੀ ਕਿਸੇ ਤਰ੍ਹਾਂ ਦੀ ਕਮੀ ਸਾਹਮਣੇ ਆਉਂਦੀ ਹੈ ਤਾਂ ਸਬੰਧਤ ਜ਼ਿਲ੍ਹਾ ਸਿਖਿਆ ਅਫਸਰ ਸਬੰਧਤ ਡਿਪਟੀ ਕਮਿਸ਼ਨਰ ਨਾਲ ਤਾਲਮੇਲ ਕਰਕੇ ਮਾਮਲੇ ਦਾ ਹੱਲ ਕਰਵਾਉਣਾ ਯਕੀਨੀ ਬਣਾਉਣਗੇ।

3.4 ਕਿਉਂ ਜੋ ਕੋਵਿਡ ਮਹਾਂਮਾਰੀ ਦੇ ਪ੍ਰਕੋਪ ਤੋਂ ਹਾਲ ਦੀ ਘੜੀ ਅਵੇਸਲਾ ਨਹੀਂ ਹੋਇਆ ਜਾ ਸਕਦਾ, ਇਸ ਲਈ ਵਿਦਿਆਰਥੀਆਂ, ਅਧਿਕਾਰੀਆਂ ਅਤੇ ਕਰਮਚਾਰੀਆਂ ਦੇ ਹਿੱਤਾਂ ਨੂੰ ਮੁੱਖ ਰੱਖਦੇ ਹੋਏ random ਕੋਵਿਡ ਟੈਸਟਿੰਗ ਕਰਦੇ ਹੋਏ ਸਥਿਤੀ ਤੇ ਨਜ਼ਰ ਬਣਾਏ ਰੱਖਣੀ ਜ਼ਰੂਰੀ ਹੈ। ਇਸ ਨੂੰ ਮੁੱਖ ਰੱਖਦੇ ਹੋਏ ਇਹ ਫੈਸਲਾ ਕੀਤਾ ਗਿਆ ਹੈ ਕਿ ਸਿਹਤ ਵਿਭਾਗ ਦੇ ਸਹਿਯੋਗ ਨਾਲ ਸਮੂਹ ਖੋਲ੍ਹੇ ਜਾ ਰਹੇ ਸਕੂਲਾਂ ਵਿਖੇ ਹਰ ਰੋਜ਼ ਘੱਟੋ-ਘੱਟ 100 ਵਿਦਿਆਰਥੀਆਂ ਪਿੱਛੇ ਇੱਕ ਵਿਦਿਆਰਥੀ ਦਾ ਕੋਵਿਡ ਟੈਸਟ ਕਰਵਾਇਆ ਜਾਵੇ। ਇਸ ਤੋਂ ਇਲਾਵਾ ਵੀ ਜੇਕਰ ਕਿਸੇ ਸਕੂਲ ਵਿੱਚ ਹੋਰ ਵਿਦਿਆਰਥੀਆਂ ਦੀ ਕੋਵਿਡ ਟੈਸਟਿੰਗ ਦੀ ਲੋੜ ਪੈਂਦੀ ਹੈ ਤਾਂ ਲੋੜ ਅਨੁਸਾਰ ਹੋਰ ਟੈਸਟਿੰਗ ਵੀ ਕਰਵਾਈ ਜਾ ਸਕਦੀ ਹੈ। ਇਸ ਮਕਸਦ ਲਈ ਜਿਲ੍ਹਿਆਂ ਵਿੱਚ ਨਾਮਜ਼ਦ ਕੋਵਿਡ ਨੋਡਲ ਅਫਸਰ ਤਾਲਮੇਲ ਕਰਦੇ ਹੋਏ ਸਮੁੱਚੀ ਕਾਰਵਾਈ ਨੇਪਰੇ ਚੜ੍ਹਾਉਣਗੇ।

3.5 ਜਿਹੜੇ ਵਿਦਿਆਰਥੀਆਂ/ ਸਟਾਫ ਦੇ ਕੋਵਿਡ ਟੈਸਟ ਕਰਵਾਏ ਜਾਂਦੇ ਹਨ ਜਾਂ ਜੋ ਕੋਵਿਡ ਪੋਜ਼ੀਟਿਵ ਪਾਏ ਜਾਂਦੇ ਹਨ ਅਤੇ ਜਿਹਨਾਂ ਦਾ ਟੀਕਾਕਰਣ ਕਰਵਾਇਆ ਗਿਆ ਹੋਵੇ, ਉਹਨਾਂ ਦੀ ਗਿਣਤੀ/ਵੇਰਵਿਆਂ ਨੂੰ ਦਰਜ ਕਰਨ ਲਈ ਵਿਭਾਗ ਵੱਲੋਂ ਈ-ਪੰਜਾਬ ਪੋਰਟਲ ਤੇ ਸਕੂਲ ਲਾਗ-ਇਨ ਆਈ.ਡੀ. ਵਿੱਚ "ਕੋਵਿਡ ਰਿਪੋਰਟ" ਲਿੰਕ ਤਿਆਰ ਕੀਤਾ ਗਿਆ ਹੈ। ਸਮੂਹ ਸਕੂਲ ਮੁਖੀ ਪੋਰਟਲ ਉੱਪਰ ਸਬੰਧਤ ਵੇਰਵੇ ਹਰ ਰੋਜ਼ ਅਪਲੋਡ ਕਰਨਾ ਯਕੀਨੀ ਬਣਾਉਣਗੇ।

3.6 ਜੇਕਰ ਕਿਸੇ ਸਕੂਲ ਵਿੱਚ ਕੋਵਿਡ ਨਾਲ ਪ੍ਰਭਾਵਤ ਵਿਦਿਆਰਥੀਆਂ/ਸਟਾਫ ਦੀ ਗਿਣਤੀ ਵੱਧਣ ਕਾਰਣ ਸਕੂਲ ਬੰਦ ਕਰਨ ਦੀ ਸਥਿਤੀ ਪੈਦਾ ਹੁੰਦੀ ਹੈ ਤਾਂ ਇਸ ਸਬੰਧੀ ਜ਼ਿਲ੍ਹਾ ਸਿਖਿਆ ਅਫਸਰ ਮੁੱਖ ਦਫਤਰ ਵਿਖੇ ਸ੍ਰੀਮਤੀ ਕਰਮਜੀਤ ਕੌਰ, ਸਹਾਇਕ ਡਾਇਰੈਕਟਰ (ਸੈ.ਸਿ.) ਨੂੰ ਮੋਬਾਈਲ ਨੰਬਰ 9888205947 ਨੂੰ ਤੁਰੰਤ ਸੂਚਿਤ ਕਰਨਗੇ, ਜਿਹਨਾਂ ਨੂੰ ਮੁੱਖ ਦਫਤਰ ਵਿਖੇ ਬਤੌਰ ਨੋਡਲ ਅਫਸਰ ਨਿਯੁਕਤ ਕੀਤਾ ਗਿਆ ਹੈ।

3.7 ਸਮੂਹ ਸਕੂਲ ਜਿਨ੍ਹਾਂ ਵਿੱਚ Covid Care Centre ਖੋਲ੍ਹੇ ਗਏ ਹਨ, KGBV ਹੋਸਟਲ ਅਤੇ ਜਿਨ੍ਹਾਂ ਸਕੂਲਾਂ ਵਿੱਚ ਵਿਦਿਆਰਥੀ ਹੋਸਟਲ ਵਿੱਚ ਰਹਿੰਦੇ ਹਨ, ਉਨ੍ਹਾਂ ਸਕੂਲਾਂ ਦੀ ਸਾਫ ਸਫਾਈ ਅਤੇ sanitization ਕਰਵਾਉਣ ਉਪਰੰਤ ਹੋਸਟਲ ਖੋਲ੍ਹੇ ਜਾਣਗੇ। ਇਨ੍ਹਾਂ ਸਕੂਲਾਂ ਦੇ ਸਕੂਲ ਮੁਖੀਆਂ ਨੂੰ ਹਦਾਇਤ ਕੀਤੀ ਜਾਵੇ ਕਿ ਸਕੂਲ ਦੀ ਸਾਫ ਸਫਾਈ ਅਤੇ sanitization ਕਰਵਾਈ ਜਾਵੇ। ਇਨ੍ਹਾਂ ਨੂੰ ਖੋਲ੍ਹਣ ਸਬੰਧੀ ਵੱਖਰੇ ਤੌਰ ਤੇ ਹਦਾਇਤਾਂ ਜਾਰੀ ਕੀਤੀਆਂ ਜਾਣਗੀਆਂ।

3.8 ਜਿਹਨਾਂ ਸਕੂਲਾਂ ਵਿੱਚ ਹੋਸਟਲ ਹਨ, ਉਹਨਾਂ ਦੇ ਜੇਕਰ ਕੋਈ ਵਿਦਿਆਰਥੀ day scholar ਹੈ ਤਾਂ ਉਹ ਸਕੂਲ ਵਿੱਚ ਦਿਸ਼ਾ ਨਿਰਦੇਸ਼ਾਂ ਅਨੁਸਾਰ ਹਾਜ਼ਰ ਹੋ ਸਕਦਾ ਹੈ।

3.9 ਇਸ ਮੁੱਦੇ ਨੂੰ ਸਕੱਤਰ ਸਕੂਲ ਸਿਖਿਆ ਜੀ ਵਲੋਂ ਹਫਤਾਵਰੀ ਮੀਟਿੰਗ ਵਿਚ ਰਿਵਿਊ ਕੀਤਾ ਜਾਇਆ ਕਰੇਗਾ।

4.0 ਇਹ ਹਦਾਇਤਾਂ ਸਮੂਹ ਸਰਕਾਰੀ, ਮਾਨਤਾ ਪ੍ਰਾਪਤ, ਪ੍ਰਾਈਵੇਟ ਏਡਿਡ ਅਤੇ ਪ੍ਰਾਈਵੇਟ ਸਕੂਲਾਂ ਤੇ ਲਾਗੂ ਹੋਣਗੀਆਂ ।

5.0 ਇੱਥੇ ਇਹ ਮੁੜ ਹਦਾਇਤ ਕੀਤੀ ਜਾਂਦੀ ਹੈ ਕਿ ਭਾਰਤ ਸਰਕਾਰ/ ਪੰਜਾਬ ਸਰਕਾਰ ਵੱਲੋਂ ਕੋਵਿਡ-19 ਮਹਾਂਮਾਰੀ ਸਬੰਧੀ ਸਮੇਂ ਸਮੇਂ ਤੇ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ (ਕਾਪੀਆਂ ਨੱਥੀ)।

ਉਪਰੋਕਤ ਹੁਕਮਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ।

ਡਾਇਰੈਕਟਰ ਸਿਖਿਆ ਵਿਭਾਗ (ਸੈ.ਸਿ.),
ਪੰਜਾਬ।

ਪਿੱਠ ਅੰਕਣ ਨੰਬਰ : ਉਕਤ/2021251387-91 ਮਿਤੀ, ਸ.ਅ.ਸ.ਨਗਰ: 24-07-2021

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਅਗਲੇਰੀ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਨਿੱਜੀ ਸਕੱਤਰ/ ਮਾਨਯੋਗ ਸਿੱਖਿਆ ਮੰਤਰੀ, ਪੰਜਾਬ।
2. ਨਿੱਜੀ ਸਕੱਤਰ/ ਸਕੱਤਰ ਸਕੂਲ ਸਿੱਖਿਆ, ਪੰਜਾਬ।
3. ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
4. ਡਾਇਰੈਕਟਰ ਸਿੱਖਿਆ ਵਿਭਾਗ (ਐਸਿ), ਪੰਜਾਬ।
5. ਡਾਇਰੈਕਟਰ, ਐਸ.ਸੀ.ਈ.ਆਰ.ਟੀ. ਪੰਜਾਬ।

ਡਾਇਰੈਕਟਰ ਸਿਖਿਆ ਵਿਭਾਗ (ਸੈ.ਸਿ.),
ਪੰਜਾਬ।